**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਵੀਨ ਕੁਮਾਰ (ਸੈਕਟਰੀ), (98036-87497)
ਪੇਰੈਂਟਸ ਐਸੋਸੀਏਸ਼ਨ (ਰਜਿਸਟਰਡ), ਮਾਛੀਵਾੜਾ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:1354 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਕੇਵਲ ਸਿੰਘ (94656-47658)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਿਲਸ਼ਾਦ ਸਿੰਘ, ਕਲਰਕ (99885-50036) ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:) ਲੁਧਿਆਣਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-12-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੰਸਥਾ ਵੱਲੋਂ ਹਵਾਲਾ ਨੰ:18/2018, ਮਿਤੀ 17-11-2018 ਰਾਹੀਂ ਸੈਕਰਡ ਹਾਰਟ ਕਾਨਵੈਂਟ ਸਕੂਲ, ਮਾਛੀਵਾੜਾ ਵਿਰੁੱਧ ਭੇਜੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਕੇਵਲ ਸਿੰਘ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦਿਲਸ਼ਾਦ ਸਿੰਘ, ਕਲਰਕ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:) ਲੁਧਿਆਣਾ ਨੇ ਕਿਹਾ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਉਨ੍ਹਾਂ ਨੂੰ ਡਿਪਟੀ ਕਮਿਸ਼ਨਰ, ਲੁਧਿਆਣਾ ਦੇ ਦਫ਼ਤਰ ਤੋਂ ਪ੍ਰਾਪਤ ਹੋਈ ਹੈ ਅਤੇ ਉਨ੍ਹਾਂ ਨੇ ਅਪੀਲਕਰਤਾ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਉਨ੍ਹਾਂ ਦੀ ਸ਼ਿਕਾਇਤ ਪੜਤਾਲ ਅਧੀਨ ਹੈ ਜਿਸ ਕਰਕੇ ਅਜੇ ਸੂਚਨਾ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਜੀ.3/2019/ਆਰ.ਟੀ.ਆਈ./84, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:) ਲੁਧਿਆਣਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਮੁਕੰਮਲ ਸਟੇਟਸ ਰਿਪੋਰਟ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਜੁਲਾਈ, 2019.**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:), ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੇਵਲ ਸਿੰਘ, (94656-47658)
ਪੇਰੈਂਟਸ ਐਸੋਸੀਏਸ਼ਨ (ਰਜਿਸਟਰਡ), ਮਾਛੀਵਾੜਾ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਸਮਰਾਲਾ, ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ,
ਸਮਰਾਲਾ, ਜ਼ਿਲ੍ਹਾ ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ:1356 /2019**

**ਹਾਜ਼ਰ:-**

1) ਸ਼੍ਰੀ ਕੇਵਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਦੀਪ ਸਿੰਘ ਰੀਡਰ (98780-57071) ਦਫ਼ਤਰ ਨਾਇਬ ਤਹਿਸੀਲਦਾਰ, ਸ੍ਰੀ ਮਾਛੀਵਾੜਾ ਸਾਹਿਬ ਅਤੇ ਸ਼੍ਰੀਮਤੀ ਬਲਜੀਤ ਕੌਰ, ਕਲਰਕ (8246574223) ਦਫਤਰ ਉਪ ਮੰਡਲ ਮੈਜਿਸਟਰੇਟ, ਸਮਰਾਲਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-11-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸਮਰਾਲਾ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੇਰੈਂਟਸ ਐਸੋਸੀਏਸ਼ਨ (ਰਜਿਸਟਰਡ), ਮਾਛੀਵਾੜਾ ਵੱਲੋਂ ਮਿਤੀ 20-05-2018 ਨੂੰ ਨਾਇਬ ਤਹਿਸੀਲਦਾਰ ਮਾਛੀਵਾੜਾ ਨੂੰ ਸੈਕਰਡ ਹਾਰਡ ਕਾਨਵੈਂਟ ਸਕੂਲ, ਮਾਛੀਵਾੜਾ ਵਿਰੁੱਧ ਕੀਤੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-12-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਦੀਪ ਸਿੰਘ ਰੀਡਰ ਦਫ਼ਤਰ ਨਾਇਬ ਤਹਿਸੀਲਦਾਰ, ਸ੍ਰੀ ਮਾਛੀਵਾੜਾ ਸਾਹਿਬ ਨੇ ਪੱਤਰ ਨੰ:1613, ਮਿਤੀ 22-07-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਨਹੀਂ ਪਾਇਆ ਗਿਆ ਅਤੇ ਇਸ ਬਾਰੇ ਹਾਜਰ਼ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਮੁਕੰਮਲ ਸਟੇਟਸ ਰਿਪੋਰਟ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 23 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਮਿਤ ਖੁਰਮੀ, (94645-01268)
ਪੁੱਤਰ ਸ਼੍ਰੀ ਬਲਜੀਤ ਿ ਸੰਘ ਖੁਰਮੀ,
ਵਾਸੀ # 13138/3 ਨਾਮਦੇਵ ਮਾਰਗ,
ਗਲੀ ਨੰ:8/5, ਬਠਿੰਡਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਸਮਾਣਾ, ਜ਼ਿਲ੍ਹਾ ਪਟਿਆਲਾ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:359/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਨਕ ਰਾਜ, ਜੂਨੀਅਰ ਇੰਜੀਨੀਅਰ (75089-10080) ਨਗਰ ਕੌਂਸਿਲ, ਸਮਾਣਾ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-01-2019, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਸਮਾਣਾ, ਜ਼ਿਲ੍ਹਾ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗੜ੍ਹੀ ਸਾਹਿਬ ਸੜਕ ਤੇ ਪੀ./ਐਫ. ਸਟਰੀਟ ਲਾਈਟਸ ਪੁਆਇੰਟਸ ਟੈਂਡਰ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਜਨਕ ਰਾਜ, ਜੂਨੀਅਰ ਇੰਜੀਨੀਅਰ ਨੇ ਸ਼ਿਕਾਇਤਕਰਤਾ ਨੂੰ ਸੰਬੋਧਿਤ ਪੱਤਰ ਨੰ:27, ਮਿਤੀ 10-07-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:10, ਮਿਤੀ 25-02-2019 ਰਾਹੀਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਮੁਹੱਈਆ ਕੀਤੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਸ਼ਿਕਾਇਤਕਰਤਾ ਦੇ ਪੱਤਰ, ਮਿਤੀ 22-07-2019 ਦੀ ਕਾਪੀ ਵੀ ਪੇਸ਼ ਕੀਤੀ ਹੈ ਜਿਸ ਅਨੁਸਾਰ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਮੰਗੀ ਗਈ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 23 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੇਵਲ ਕੁਮਾਰ, (94179-29885)
ਪੁੱਤਰ ਸ਼੍ਰੀ ਬਿਸ਼ਨ ਦਾਸ,
ਵਾਸੀ ਗਊਸ਼ਾਲਾ ਰੋਡ, ਗਿੱਦੜਬਾਹਾ,
ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਾਤਾਵਰਣ ਇੰਜੀਨੀਅਰ,
ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ,
ਰਿਜਨਲ ਆਫਿਸ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ,
ਬਠਿੰਡਾ।

ਪਹਿਲੀ ਅਪੀਲੀ ਅਥਾਰਟੀ-ਕਮ-
ਸੀਨੀਅਰ ਵਾਤਾਵਰਣ ਇੰਜੀਨੀਅਰ,
ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ,
ਬਠਿੰਡਾ। --------ਉੱਤਰਦਾਤਾ

**ਅਪੀਲ ਕੇਸ ਨੰ: 1357/2019**

**ਹਾਜ਼ਰ:-**

1) ਸ਼੍ਰੀ ਕੇਵਲ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਵੀ ਪਾਲ, ਸਹਾਇਕ ਵਾਤਾਵਰਣ ਇੰਜੀਨੀਅਰ (81466-62540) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਹਰਵਿੰਦਰ ਸਿੰਘ, ਸੀਨੀਅਰ ਵਾਤਾਵਰਣ ਇੰਜੀਨੀਅਰ (98789-50519)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-03-2018, ਲੋਕ ਸੂਚਨਾ ਅਧਿਕਾਰੀ ਦਫਤਰ ਵਾਤਾਵਰਣ ਇੰਜੀਨੀਅਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਰਿਜਨਲ ਆਫਿਸ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ, ਮਿਤੀ 21-06-2017, 23-08-2017 ਅਤੇ 12-01-2018 ਤੋਂ ਇਲਾਵਾ ਦਫਤਰ ਮੁੱਖ ਮੰਤਰੀ,ਪੰਜਾਬ ਜੀ ਵੱਲੋਂ ਭੇਜੇ ਗਏ ਪੱਤਰਾਂ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਵੀ ਪਾਲ, ਸਹਾਇਕ ਵਾਤਾਵਰਣ ਇੰਜੀਨੀਅਰ ਨੇ ਆਪਣਾ ਜਵਾਬ, ਮਿਤੀ 19-07-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਹੈੱਡ ਆਫਿਸ , ਪਟਿਆਲਾ ਨੂੰ ਭੇਜੀ ਗਈ ਆਰ.ਟੀ. ਆਈ. ਅਰਜ਼ੀ, ਮਿਤੀ 20-03-2018, ਉਨ੍ਹਾਂ ਨੂੰ ਮਿਤੀ 04-04-2018 ਨੂੰ ਪ੍ਰਾਪਤ ਹੋਈ ਸੀ ਅਤੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3369, ਮਿਤੀ 02-05-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜ ਦਿੱਤੀ ਗਈ ਸੀ। ਪਹਿਲੀ ਅਪੀਲੀ ਅਥਾਰਟੀ ਵੱਲੋਂ ਹਾਜ਼ਰ, ਸ਼੍ਰੀ ਹਰਵਿੰਦਰ ਸਿੰਘ, ਸੀਨੀਅਰ ਵਾਤਾਵਰਣ ਇੰਜੀਨੀਅਰ ਨੇ ਆਪਣਾ ਲਿਖਤੀ ਜਵਾਬ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਉਸ ਦੀ ਪਹਿਲੀ ਅਪੀਲ ਦੀ ਸੁਣਵਾਈ ਮਿਤੀ 27-02-2019 ਤੇ ਹਾਜ਼ਰ ਹੋਣ ਲਈ ਬੁਲਾਇਆ ਗਿਆ ਸੀ ਪਰੰਤੂ ਉਸ ਨੂੰ ਲਿਖਤੀ ਅਤੇ ਟੈਲੀਫੋਨ ਤੇ ਕੰਟੈਕਟ ਕਰਨ ਦੇ ਬਾਵਜੂਦ ਵੀ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਕਿ ਉਨ੍ਹਾਂ ਕੋਲ ਉਪਲਬਧ ਸੂਚਨਾ ਪੱਤਰ ਨੰ:2101, ਮਿਤੀ 12-03-2019 ਨੂੰ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾਵਾਂ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 1357/2019

ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਪਰੰਤੂ ਉਸ ਵੱਲੋਂ ਇਹ ਵੀ ਇਤਰਾਜ਼ ਕੀਤਾ ਗਿਆ ਹੈ ਕਿ ਉਸ ਨੂੰ ਸੂਚਨਾ ਲੇਟ ਦਿੱਤੀ ਗਈ ਹੈ ਜਿਸ ਕਾਰਨ ਉਸ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ ਜੋ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਈ ਗਈ ਹੈ ਜਿਸ ਤੇ ਅਪੀਲਕਰਤਾ ਨੇ ਵੀ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਸੂਚਨਾ ਦੇਣ ਵਿੱਚੋ ਜੋ ਮਾਮੂਲੀ ਦੇਰੀ ਹੋਈ ਹੈ, ਉਹ ਦਫ਼ਤਰੀ ਪ੍ਰੋਸੀਜਰਲ ਦੇਰੀ ਹੈ। ਫਿਰ ਵੀ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਭਵਿੱਖ ਵਿੱਚ ਸੂਚਨਾ ਦਾ ਅਧਿਕਾਰ ਐਕਟ, 2005, ਨਾਲ ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 23 **ਜੁਲਾਈ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਤਿਨ ਖੁਰਾਨਾ, (98159-36007)
ਮਕਾਨ ਨੰ:5-ਏ, ਜੇ.ਪੀ. ਕਲੋਨੀ,
ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ:1456 /2019**

**ਹਾਜ਼ਰ:-**

1) ਸ਼੍ਰੀ ਨਿਤਿਨ ਖੁਰਾਨਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋ ਕੇਟ (98141-05515)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-01-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2018-2019 ਦੌਰਾਨ ਸੈਂਟਰ ਨੰ:902, ਸਰਕਾਰੀ ਰਣਬੀਰ ਕਾਲਿਜ, ਸੰਗਰੂਰ ਵਿਖੇ ਸਟਾਫ ਦੀਆਂ ਲਗਾਈਆਂ ਗਈਆਂ ਡਿਊਟੀਆਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਆਰ.ਟੀ.ਆਈ.ਐਕਟ, 2005 ਦੀ ਧਾਰਾ 81(ਜੀ) ਤਹਿਤ ਮੁਹੱਈਆ ਨਹੀਂ ਕਰਵਾਈ ਜਾ ਸਕਦੀ ਜਿਸ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1485/ਐਸ-4/168-19/ਆਰ.ਟੀ.ਆਈ. ਸੈੱਲ, ਮਿਤੀ 25-02-2019 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ। ਇਸ ਬਾਰੇ ਉੱਤਰਦਾਤਾ ਵੱਲੋਂ ਆਪਣੇ ਪੱਤਰ ਨੰ:5206/ਐਸ-4/168-19/ਆਰ.ਟੀ.ਆਈ. ਸੈੱਲ, ਮਿਤੀ 16-07-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਉੱਤਰਦਾਤਾ ਕੋਲੋਂ ਜਵਾਬ ਪ੍ਰਾਪਤ ਹੋਇਆ ਹੈ ਪਰੰਤੂ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਉਹ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 23 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਮਰ ਦਾਸ ਮਾਨ, (80544-11287)
ਪੁੱਤਰ ਸ਼੍ਰੀ ਸੰਪੂਰਨ ਸਿੰਘ,
ਵਾਈਸ ਚੇਅਰਮੈਨ, ਆਰ.ਟੀ.ਆਈ. ਐਂਡ
ਹਿਊਮਨ ਰਾਈਟਸ ਵਰਕਰ ਕੱਲਬ,
ਪਿੰਡ ਧਰਮਪੁਰਾ ਤਹਿਸੀਲ ਅਬੋਹਰ, ਜ਼ਿਲ੍ਹਾ ਫਾਜ਼ਿਲਕਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਸੁਪਰਡੰਟ ਦਫਤਰ ਕਮਿਸ਼ਨਰ ਫਿਰੋਜ਼ਪੁਰ ਡਿਵੀਜ਼ਨ, ਫਿਰੋਜਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਿੱਤੀ ਕਮਿਸ਼ਨਰ (ਮਾਲ), ਪੰਜਾਬ, ਚੰਡੀਗੜ੍ਹ। --------ਉੱਤਰਦਾਤਾ

**ਅਪੀਲ ਕੇਸ ਨੰ: 1457/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਲਖਬੀਰ ਸਿੰਘ, ਕਲਰਕ (78378-68766) ਦਫ਼ਤਤਰ ਡਿਪਟੀ ਕਮਿਸ਼ਨਰ, ਫਾਜ਼ਿਲਕਾ ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀਮਤੀ ਸਵੀਤਾ ਸ਼ਰਮਾ, ਸੀਨੀਅਰ ਸਹਾਇਕ (94658-88177)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-12-2018, ਲੋਕ ਸੂਚਨਾ ਅਧਿਕਾਰੀ-ਕਮ-ਸੁਪਰਡੰਟ ਦਫਤਰ ਕਮਿਸ਼ਨਰ ਫਿਰੋਜ਼ਪੁਰ ਡਿਵੀਜ਼ਨ, ਫਿਰੋਜਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-08-2018 ਤੋਂ 10-12-2018 ਤੱਕ ਪ੍ਰਾਈਵੇਟ ਵਿਅਕਤੀਆਂ ਵੱਲੋਂ ਦਫ਼ਤਰ ਉਪ ਮੰਡਲ ਮੈਜਿਸਟਰੇਟ, ਅਬੋਹਰ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਵਿਰੁੱਧ ਕੀਤੀਆਂ ਗਈਆਂ ਸ਼ਿਕਾਇਤਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 22-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਕੋਈ ਰਿਕਾਰਡ/ਸੂਚਨਾ ਪ੍ਰਾਪਤ ਨਹੀਂ ਹੋਈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਲਖਬੀਰ ਸਿੰਘ, ਕਲਰਕ ਦਫ਼ਤਤਰ ਡਿਪਟੀ ਕਮਿਸ਼ਨਰ, ਫਾਜ਼ਿਲਕਾ ਨੇ ਪੱਤਰ ਨੰ:2019/ਅਸ/ਅਕ-1/, ਮਿਤੀ 18-07-2019, ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਮਿਤੀ 22-07-2019 ਨੂੰ ਰਜਿਸਟਰਡ ਡਾਕ ਰਾਹੀਂ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਹਾਜ਼ਰ ਉੱਤਰਦਾਤਾ ਵੱਲੋਂ ਮਿਤੀ 22-07-2019 ਨੂੰ ਕਰਵਾਈ ਗਈ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਸਮੇਤ ਰਸੀਦ, ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ ਕਿਉਂਕਿ ਉਸ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 23 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯਸ਼ਪਾਲ ਮਾਨਵੀ, (94635-86655)
ਮਕਾਨ ਨੰ:205, ਐਸ.ਬੀ.ਐਸ ਕਲੋਨੀ,
ਰਾਜਪੁਰਾ ਟਾਊਨ, ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਸ਼ਾਸਕੀ ਸੁਧਾਰ ਵਿਭਾਗ, ਪੰਜਾਬ,
ਸੈਕਟਰ-9, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਪ੍ਰਸ਼ਾਸਕੀ ਸੁਧਾਰ, ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:1172/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਨੇਕ ਸਿੰਘ, ਸੁਪਰਡੰਟ (94173-81779)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਸ਼ਾਸਕੀ ਸੁਧਾਰ ਵਿਭਾਗ, ਪੰਜਾਬ, ਸੈਕਟਰ-9, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕੇਂਦਰ ਸਰਕਾਰ ਦੇ ਡੀ.ਓ.ਪੀ.ਟੀ. ਦੇ ਪੱਤਰ, ਮਿਤੀ 15-12-2017 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ., ਮਿਤੀ 23-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਹਰਨੇਕ ਸਿੰਘ, ਸੁਪਰਡੰਟ ਨੇ ਪੱਤਰ ਨੰ:11/1/2018-4ਪ੍ਰ:ਸ:(1), ਮਿਤੀ 23-07-2019, ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਮਿਤੀ 23-07-2019 ਨੂੰ ਰਜਿਸਟਰਡ ਡਾਕ ਰਾਹੀਂ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਹਾਜ਼ਰ ਉੱਤਰਦਾਤਾ ਵੱਲੋਂ ਮਿਤੀ 23-07-2019 ਨੂੰ ਕਰਵਾਈ ਗਈ ਰਜਿਸਟਰੀ ਦੀ ਅਸਲ ਰਸੀਦ ਵੀ ਪੇਸ਼ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਸਮੇਤ ਰਸੀਦ, ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ ਕਿਉਂਕਿ ਉਸ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਰਿੰਦਰ ਅਰੋੜਾ, (70090-57985)
ਮਕਾਨ ਨੰ:478, 11.60 ਏਕੜ ਕਲੌਨੀ,
ਅਰਬਨ ਐਸਟੇਟ, ਫੇਸ-1, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ,
ਪੰਜਾਬ ,ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ:1930 ਆਫ 2018**

**ਹਾਜ਼ਰ:-**

1) ਸ਼੍ਰੀ ਵਰਿੰਦਰ ਅਰੋੜਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪੂਜਾ ਰਾਣੀ, ਐਡਵੋਕੇਟ (989158-88918)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀਮਤੀ ਪੂਜਾ ਰਾਣੀ, ਐਡਵੋਕੇਟ ਨੇ ਕਿਹਾ ਕਿ ਅਪੀਲਕਰਤਾ ਨੂੰ ਸੀ.ਡੀ. ਰਾਹੀਂ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੇ ਸੀ.ਡੀ. ਚੈੱਕ ਕਰਨ ਉਪਰੰਤ ਉੱਤਰਦਾਤਾ ਨੂੰ ਵਾਪਸ ਕਰ ਦਿੱਤੀ ਸੀ ਅਤੇ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਨਹੀਂ ਮਿਲੀ। ਅਪੀਲਕਰਤਾ ਨੇ ਇਹ ਵੀ ਕਿਹਾ ਕਿ ਉਸ ਵੱਲੋਂ ਸੂਚਨਾ ਲਈ ਬਣਦੀ ਫੀਸ ਵਜੋਂ 21998/-ਰੁਪਏ ਦਾ ਡਿਮਾਂਡ ਡਰਾਫਟ ਵੀ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਵੱਲੋਂ ਡਿਮਾਂਡ ਡਰਾਫਟ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਜੇ ਤੱਕ ਉਸ ਨੂੰ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।ਉਸ ਨੇ ਕਿਹਾ ਕਿ ਉਹ ਹੁਣ ਵੀ ਸੂਚਨਾ ਲਈ ਬਣਦੀ ਫੀਸ ਜਮ੍ਹਾਂ ਕਰਾਉਣ ਲਈ ਤਿਆਰ ਹੈ ਅਤੇ ਬੇਨਤੀ ਕੀਤੀ ਕਿ ਉਸ ਨੂੰ ਸੂਚਨਾ ਮੁਹੱਈਆ ਕਰਵਾਈ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਸਮੇਂ ਦੀ ਮੰਗ ਕੀਤੀ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਫਾਰਮ ਨੰ:24 ਬਾਰੇ ਸੂਚਨਾ ਲਈ ਬਣਦੀ ਫੀਸ ਕੈਲਕੁਲੇਟ ਕਰਕੇ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਉਸ ਵੱਲੋਂ ਫੀਸ ਜਮ੍ਹਾਂ ਕਰਾਉਣ ਉਪਰੰਤ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 23 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਛੱਰੂ ਬਾਂਸਲ, ਐਡਵੋਕੇਟ, (93161-52052)
ਵਾਸੀ ਗਾਇਤਰੀ ਭਵਨ, ਸਟੇਟ ਬੈਂਕ ਸਟਰੀਟ,
ਸਮਾਣਾ, ਜ਼ਿਲ੍ਹਾ ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ
ਡਿਪਟੀ ਕਮਿਸ਼ਨਰ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:3655 /2018**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 02-07-2019 ਤੇ ਉੱਤਰਦਾਤਾ ਵੱਲੋਂ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸਬ ਰਜਿਸਟਰਾਰ, ਪਟਿਆਲਾ ਵੱਲੋਂ ਆਪਣੇ ਪੱਤਰ ਨੰ:32/ਆਰ.ਸੀ./ਆਰ.ਟੀ.ਆਈ., ਮਿਤੀ 27-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਸੀ ਕਿ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:64/ਆਰ.ਸੀ., ਮਿਤੀ 06-08-201 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਇਹ ਵੀ ਲਿਖਿਆ ਹੋਇਆ ਸੀ ਕਿ ਜੇਕਰ ਉਸ ਨੂੰ ਕੋਈ ਹੋਰ ਦਸਤਾਵੇਜਾਂ ਦੀ ਜ਼ਰੂਰਤ ਹੋਵੇ ਤਾਂ ਉਹ ਕਿਸੇ ਕੰਮ ਵਾਲੇ ਦਿਨ ਉੱਤਰਦਾਤਾ ਦੇ ਦਫ਼ਤਰ ਜਾ ਕੇ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਲੋੜੀਂਦੇ ਡਾਕੂਮੈਂਟ ਦੀ ਕਾਪੀ ਪ੍ਰਾਪਤ ਕਰ ਸਕਦਾ ਹੈ। ਅਪੀਲਕਰਤਾ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ।

2. ਉਕਤ ਤੋਂ ਇਲਾਵਾ ਇਹ ਵੀ ਵੇਖਿਆ ਗਿਆ ਸੀ ਕਿ ਲੋਕ ਸੂਚਨਾ ਅਧਿਕਾਰੀ -ਕਮ-ਜ਼ਿਲ੍ਹਾ ਮਾਲ ਅਫਸਰ ਦਫ਼ਤਰ ਡਿਪਟੀ ਕਮਿਸ਼ਨਰ, ਪਟਿਆਲਾ ਵੱਲੋਂ ਆਪਣੇ ਪੱਤਰ ਨੰ:615-616/ਆਰ.ਟੀ.ਆਈ., ਮਿਤੀ ਜੂਨ,2019 ਰਾਹੀਂ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਪਟਿਆਲਾ ਨੂੰ ਇਸ ਕੇਸ ਦੀ ਪੈਰਵੀ ਲਈ ਹਦਾਇਤਾਂ ਜਾਰੀ ਕਰਨ ਦੇ ਬਾਵਜੂਦ ਵੀ ਕੋਈ ਅਧਿਕਾਰੀ/ਕਰਮਚਾਰੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਸੀ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਪਟਿਆਲਾ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਪਟਿਆਲਾ ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 14-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 23 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਵਨ ਕੁਮਾਰ ਸ਼ਰਮਾ, ਐਡਵੋਕੇਟ, (94639-50619)
ਪੁੱਤਰ ਲੇਟ ਸ਼੍ਰੀ ਭਗਵੰਤ ਕਿਸ਼ੋਰ,
ਕੋਠੀ ਨੰ:585 ਫੇਸ-2, ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ)-ਕਮ-
ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ,
ਕਮਰਾ ਨੰ:362, ਦੂਜੀ ਮੰਜ਼ਿਲ, ਜਿਲਾ ਪ੍ਰਬੰਧਕੀ ਕੰਪਲੈਕਸ,
ਸੈਕਟਰ-76, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ)-ਕਮ-
ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ,
ਕਮਰਾ ਨੰ:362, ਦੂਜੀ ਮੰਜ਼ਿਲ, ਜਿਲਾ ਪ੍ਰਬੰਧਕੀ ਕੰਪਲੈਕਸ,
ਸੈਕਟਰ-76, ਮੁਹਾਲੀ।

ਲੋਕ ਸੂਚਨਾ ਅਧਿਕਾਰੀ, (ਨਾਂ ਤੇ)
ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ)-ਕਮ-
ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ,
ਕਮਰਾ ਨੰ:362, ਦੂਜੀ ਮੰਜ਼ਿਲ, ਜਿਲਾ ਪ੍ਰਬੰਧਕੀ ਕੰਪਲੈਕਸ,
ਸੈਕਟਰ-76, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:3184/2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 02-07-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਈ.ਮੇਲ ਰਾਹੀਂ ਭੇਜੇ ਗਏ ਪੱਤਰ, ਮਿਤੀ 22-06-2019 ਦੁਆਰਾ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਉਸ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਵੀ ਕੋਈ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ ਕਮਿਸ਼ਨ ਕਮਿਸ਼ਨ ਦੇ ਹੁਕਮ, ਮਿਤੀ 15-01-2019 ਰਾਹੀਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 23-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵਾਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਅਤੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**3184/2018

ਕਮਿਸ਼ਨ ਦੇ ਹੁਕਮ, ਮਿਤੀ 15-01-2019 ਰਾਹੀਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਲਈ ਇੱਕ ਹੋਰ ਮੌਕਾ ਦਿੱਤਾ ਜਾਂਦਾ ਹੈ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 23 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2317 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 27-03-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਦੇਣ ਤੋਂ ਇੰਨਕਾਰ ਕਰ ਦਿੱਤਾ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਪ੍ਰਾਪਤ ਕਰਨ ਲਈ ਬੁਲਾਇਆ ਗਿਆ ਸੀ ਪਰੰਤੂ ਅਪੀਲਕਰਤਾ ਕਾਲਿਜ ਵਿਖੇ ਨਹੀਂ ਆਇਆ। ਦੋਵੇਂ ਧਿਰਾਂ ਆਪਣੇ ਪੱਖ ਦੀ ਪੁਸ਼ਟੀ ਲਈ ਕੋਈ ਦਸਤਾਵੇਜ਼ੀ ਸਬੂਤ ਪੇਸ਼ ਨਹੀਂ ਕਰ ਸਕੀਆਂ। ਇਸ ਲਈ **ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਵੱਲੋ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਨੂੰ ਮਿਤੀ 30-07-2019 ਨੂੰ ਉੱਤਰਦਾਤਾ ਕਾਲਿਜ ਵਿਖੇ ਸੂਚਨਾ ਲੈਣ ਵਾਸਤੇ ਭੇਜਿਆ ਜਾਵੇ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਦੇ ਹਾਜ਼ਰ ਹੋਣ ਤੇ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ।** ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕਰਨ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 23 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2318 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 27-03-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਦੇਣ ਤੋਂ ਇੰਨਕਾਰ ਕਰ ਦਿੱਤਾ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਪ੍ਰਾਪਤ ਕਰਨ ਲਈ ਬੁਲਾਇਆ ਗਿਆ ਸੀ ਪਰੰਤੂ ਅਪੀਲਕਰਤਾ ਕਾਲਿਜ ਵਿਖੇ ਨਹੀਂ ਆਇਆ। ਦੋਵੇਂ ਧਿਰਾਂ ਆਪਣੇ ਪੱਖ ਦੀ ਪੁਸ਼ਟੀ ਲਈ ਕੋਈ ਦਸਤਾਵੇਜ਼ੀ ਸਬੂਤ ਪੇਸ਼ ਨਹੀਂ ਕਰ ਸਕੀਆਂ। ਇਸ ਲਈ **ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਵੱਲੋ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਨੂੰ ਮਿਤੀ 30-07-2019 ਨੂੰ ਉੱਤਰਦਾਤਾ ਕਾਲਿਜ ਵਿਖੇ ਸੂਚਨਾ ਲੈਣ ਵਾਸਤੇ ਭੇਜਿਆ ਜਾਵੇ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਦੇ ਹਾਜ਼ਰ ਹੋਣ ਤੇ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ।** ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕਰਨ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 23 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2319 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 27-03-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਦੇਣ ਤੋਂ ਇੰਨਕਾਰ ਕਰ ਦਿੱਤਾ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਪ੍ਰਾਪਤ ਕਰਨ ਲਈ ਬੁਲਾਇਆ ਗਿਆ ਸੀ ਪਰੰਤੂ ਅਪੀਲਕਰਤਾ ਕਾਲਿਜ ਵਿਖੇ ਨਹੀਂ ਆਇਆ। ਦੋਵੇਂ ਧਿਰਾਂ ਆਪਣੇ ਪੱਖ ਦੀ ਪੁਸ਼ਟੀ ਲਈ ਕੋਈ ਦਸਤਾਵੇਜ਼ੀ ਸਬੂਤ ਪੇਸ਼ ਨਹੀਂ ਕਰ ਸਕੀਆਂ। ਇਸ ਲਈ **ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਵੱਲੋ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਨੂੰ ਮਿਤੀ 30-07-2019 ਨੂੰ ਉੱਤਰਦਾਤਾ ਕਾਲਿਜ ਵਿਖੇ ਸੂਚਨਾ ਲੈਣ ਵਾਸਤੇ ਭੇਜਿਆ ਜਾਵੇ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਦੇ ਹਾਜ਼ਰ ਹੋਣ ਤੇ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ।** ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕਰਨ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11-30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 23 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੋਨੀ,
ਨਵੀਂ ਦਿੱਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2320 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 27-03-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਦੇਣ ਤੋਂ ਇੰਨਕਾਰ ਕਰ ਦਿੱਤਾ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਪ੍ਰਾਪਤ ਕਰਨ ਲਈ ਬੁਲਾਇਆ ਗਿਆ ਸੀ ਪਰੰਤੂ ਅਪੀਲਕਰਤਾ ਕਾਲਿਜ ਵਿਖੇ ਨਹੀਂ ਆਇਆ। ਦੋਵੇਂ ਧਿਰਾਂ ਆਪਣੇ ਪੱਖ ਦੀ ਪੁਸ਼ਟੀ ਲਈ ਕੋਈ ਦਸਤਾਵੇਜ਼ੀ ਸਬੂਤ ਪੇਸ਼ ਨਹੀਂ ਕਰ ਸਕੀਆਂ। ਇਸ ਲਈ **ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਵੱਲੋ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਨੂੰ ਮਿਤੀ 30-07-2019 ਨੂੰ ਉੱਤਰਦਾਤਾ ਕਾਲਿਜ ਵਿਖੇ ਸੂਚਨਾ ਲੈਣ ਵਾਸਤੇ ਭੇਜਿਆ ਜਾਵੇ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਦੇ ਹਾਜ਼ਰ ਹੋਣ ਤੇ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ।** ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕਰਨ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 23 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2321 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 27-03-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਦੇਣ ਤੋਂ ਇੰਨਕਾਰ ਕਰ ਦਿੱਤਾ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਪ੍ਰਾਪਤ ਕਰਨ ਲਈ ਬੁਲਾਇਆ ਗਿਆ ਸੀ ਪਰੰਤੂ ਅਪੀਲਕਰਤਾ ਕਾਲਿਜ ਵਿਖੇ ਨਹੀਂ ਆਇਆ। ਦੋਵੇਂ ਧਿਰਾਂ ਆਪਣੇ ਪੱਖ ਦੀ ਪੁਸ਼ਟੀ ਲਈ ਕੋਈ ਦਸਤਾਵੇਜ਼ੀ ਸਬੂਤ ਪੇਸ਼ ਨਹੀਂ ਕਰ ਸਕੀਆਂ। ਇਸ ਲਈ **ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਵੱਲੋ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਨੂੰ ਮਿਤੀ 30-07-2019 ਨੂੰ ਉੱਤਰਦਾਤਾ ਕਾਲਿਜ ਵਿਖੇ ਸੂਚਨਾ ਲੈਣ ਵਾਸਤੇ ਭੇਜਿਆ ਜਾਵੇ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਅਧਿਕਾਰਿਤ-ਪੱਤਰ ਸਹਿਤ ਨੁਮਾਇੰਦੇ ਦੇ ਹਾਜ਼ਰ ਹੋਣ ਤੇ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ।** ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕਰਨ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 23 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।